ਰਾਮਕਲੀ ਮਹਲਾ ੫ ॥ ਮਨ ਮਾਹਿ ਜਾਪਿ ਭਗਵੰਤੁ ॥ ਗੁਰਿ ਪੂਰੈ ਇਹੁ ਦੀਨੋ ਮੰਤੁ ॥ ਮਿਟੇ ਸਗਲ ਭੈ ਤ੍ਰਾਸ ॥ ਪੂਰਨ ਹੋਈ ਆਸ ॥੧॥ ਸਫਲ ਸੇਵਾ ਗੁਰਦੇਵਾ ॥ ਕੀਮਤਿ ਕਿਛੁ ਕਹਣੁ ਨ ਜਾਈ ਸਾਚੇ ਸਚੁ ਅਲਖ ਅਭੇਵਾ ॥੧॥ ਰਹਾਉ ॥ ਕਰਨ ਕਰਾਵਨ ਆਪਿ ॥ ਤਿਸ ਕਉ ਸਦਾ ਮਨ ਜਾਪਿ ॥ ਤਿਸ ਕੀ ਸੇਵਾ ਕਰਿ ਨੀਤ ॥ ਸਚੁ ਸਹਜੁ ਸੁਖੁ ਪਾਵਹਿ ਮੀਤ ॥੨॥ ਸਾਹਿਬੁ ਮੇਰਾ ਅਤਿ ਭਾਰਾ ॥ ਖਿਨ ਮਹਿ ਥਾਪਿ ਉਥਾਪਨਹਾਰਾ ॥ ਤਿਸੁ ਬਿਨੁ ਅਵਰੁ ਨ ਕੋਈ ॥ ਜਨ ਕਾ ਰਾਖਾ ਸੋਈ ॥ ੩॥ ਕਰਿ ਕਿਰਪਾ ਅਰਦਾਸਿ ਸੁਣੀਜੈ ॥ ਅਪਣੇ ਸੇਵਕ ਕਉ ਦਰਸਨੁ ਦੀਜੈ ॥ ਨਾਨਕ ਜਾਪੀ ਜਪੁ ਜਾਪੁ ॥ ਸਭ ਤੇ ਊਚ ਜਾ ਕਾ ਪਰਤਾਪੁ ॥੪॥੩੨॥੪੩॥ {ਪੰਨਾ 896}

ਪਦਅਰਥ:- ਜਾਪਿ—ਜਪਿਆ ਕਰ। ਭਗਵੰਤੁ—ਭਗਵਾਨ (ਦਾ ਨਾਮ)। ਗੁਰਿ ਪੂਰੈ—ਪੂਰੇ ਗੁਰੂ ਨੇ। ਮੰਤੁ—ਉਪਦੇਸ਼। ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ}। ਤ੍ਰਾਸ—ਡਰ, ਸਹਿਮ।1।

ਗੁਰਦੇਵਾ—ਸਭ ਤੋਂ ਵੱਡਾ ਦੇਵਤਾ, ਪ੍ਰਭੂ। ਸਚੁ—ਸਦਾ ਕਾਇਮ ਰਹਿਣ ਵਾਲਾ। ਸਾਚੇ ਕੀਮਤਿ—ਸਦਾ ਕਾਇਮ ਰਹਿਣ ਵਾਲੇ ਦੀ ਕੀਮਤ। ਅਲਖ—ਜਿਸ ਦੇ ਸਰੂਪ ਦਾ ਸਹੀ ਬਿਆਨ ਨਾਹ ਹੋ ਸਕੇ। ਅਭੇਵਾ—ਜਿਸ ਦਾ ਭੇਤ ਨ ਪੈ ਸਕੇ।1। ਰਹਾਉ।

ਜਿਸ ਕਉ—{ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਤਿਸ' ਦਾ ੁ ਉੱਡ ਗਿਆ ਹੈ}। ਮਨ—ਹੇ ਮਨ! ਨੀਤ—ਨਿੱਤ। ਸਚੁ ਸੁਖੁ—ਅਟੱਲ ਸੁਖ। ਸਹਜ—ਆਤਮਕ ਅਡੋਲਤਾ। ਮੀਤ—ਹੇ ਮਿੱਤਰ!।2।

ਸਾਹਿਬੁ—ਮਾਲਕ। ਅਤਿ ਭਾਰਾ—ਬਹੁਤ ਗੰਭੀਰ। ਥਾਪਿ—ਪੈਦਾ ਕਰ ਕੇ। ਉਥਾਪਨਹਾਰਾ—ਨਾਸ ਕਰਨ ਵਾਲਾ। ਜਨ—ਦਾਸ, ਸੇਵਕ।3।

ਕਰਿ—ਕਰ ਕੇ। ਸੁਣੀਜੈ—ਮਿਹਰ ਕਰ ਕੇ ਸੁਣੋ ਜੀ। ਕਉ—ਨੂੰ। ਦੀਜੈ—ਦਿਹੁ ਜੀ। ਜਾਪੀ—ਜਾਪੀਂ, ਮੈਂ ਜਪਦਾ ਰਹਾਂ। ਜਾ ਕਾ—ਜਿਸ (ਪਰਮਾਤਮਾ) ਦਾ। ਪਰਤਾਪੁ—ਤੇਜ, ਬਲ।4।

ਅਰਥ:- ਹੇ ਭਾਈ! ਸਭ ਤੋਂ ਵੱਡੇ ਦੇਵਤੇ ਪ੍ਰਭੂ ਦੀ ਭਗਤੀ-ਸੇਵਾ (ਜ਼ਰੂਰ) ਫਲ ਦੇਣ ਵਾਲੀ ਹੈ। ਉਹ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ। ਉਸ ਸਦਾ-ਥਿਰ ਅਲੱਖ ਤੇ ਅਭੇਵ ਪ੍ਰਭੂ ਦਾ ਰਤਾ ਭਰ ਭੀ ਮੁੱਲ ਦੱਸਿਆ ਨਹੀਂ ਜਾ ਸਕਦਾ।1। ਰਹਾਉ।

ਹੇ ਭਾਈ! ਪੂਰੇ ਗੁਰੂ ਨੇ (ਜਿਸ ਮਨੁੱਖ ਨੂੰ) ਇਹ ਉਪਦੇਸ਼ ਦਿੱਤਾ ਕਿ ਆਪਣੇ ਮਨ ਵਿਚ ਭਗਵਾਨ ਦਾ ਨਾਮ ਜਪਿਆ ਕਰ, ਉਸ ਮਨੁੱਖ ਦੇ ਸਾਰੇ ਡਰ ਸਹਿਮ ਮਿਟ ਜਾਂਦੇ ਹਨ, ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ।1।

ਹੇ (ਮੇਰੇ) ਮਨ! ਜਿਹੜਾ ਪ੍ਰਭੂ ਆਪ ਸਭ ਕੁਝ ਕਰਨ-ਜੋਗਾ ਤੇ ਹੋਰਨਾਂ ਪਾਸੋਂ ਕਰਾ ਸਕਦਾ ਹੈ, ਉਸ ਨੂੰ ਸਦਾ ਸਿਮਰਿਆ ਕਰ। ਹੇ ਮਿੱਤਰ! ਉਸ ਪ੍ਰਭੂ ਦੀ ਸਦਾ ਸੇਵਾ-ਭਗਤੀ ਕਰਿਆ ਕਰ, ਤੂੰ ਅਟੱਲ ਸੁਖ ਮਾਣੇਂਗਾ, ਤੂੰ ਆਤਮਕ ਅਡੋਲਤਾ ਹਾਸਲ ਕਰ ਲਏਂਗਾ।2।

ਹੇ ਭਾਈ! ਮੇਰਾ ਮਾਲਕ-ਪ੍ਰਭੂ ਬਹੁਤ ਗੰਭੀਰ ਹੈ, ਇਕ ਖਿਨ ਵਿਚ ਪੈਦਾ ਕਰ ਕੇ ਨਾਸ ਭੀ ਕਰ ਸਕਦਾ ਹੈ। ਉਹ ਪ੍ਰਭੂ ਆਪਣੇ ਸੇਵਕ ਦਾ ਆਪ ਹੀ ਰਾਖਾ ਹੈ, ਉਸ ਤੋਂ ਬਿਨਾ ਕੋਈ ਹੋਰ ਰੱਖਿਆ ਕਰ ਸਕਣ ਵਾਲਾ ਨਹੀਂ ਹੈ।3।

ਜਿਸ ਪਰਮਾਤਮਾ ਦਾ ਤੇਜ-ਬਲ ਸਭਨਾਂ ਤੋਂ ਉੱਚਾ ਹੈ (ਉਸ ਦੇ ਦਰ ਤੇ) ਹੇ ਨਾਨਕ! (ਅਰਦਾਸ ਕਰ ਤੇ ਆਖ—ਹੇ ਪ੍ਰਭੂ!) ਕਿਰਪਾ ਕਰ ਕੇ ਮੇਰੀ ਅਰਜ਼ੋਈ ਸੁਣ, ਆਪਣੇ ਸੇਵਕ ਨੂੰ ਦਰਸ਼ਨ ਦੇਹ, ਮੈਂ (ਤੇਰਾ ਸੇਵਕ) ਸਦਾ ਤੇਰੇ ਨਾਮ ਦਾ ਜਾਪ ਜਪਦਾ ਰਹਾਂ।4। 32। 43।